E@mail – mc.rupnagar@gmail.com

# ਦਫ਼ਤਰ ਨਗਰ ਕੌਂਸਲ ਰੂਪਨਗਰ

ਪੱਤਰ ਨੰ.......... ਮਿਤੀ........

ਸੇਵਾ ਵਿਖੇ

ਡਿਪਟੀ ਡਾਇਰੈਕਟਰ,
ਅਰਬਨ ਲੋਕਲ ਬਾਡੀਜ਼,
ਲੁਧਿਆਣਾ।

ਵਿਸ਼ਾ: ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਵੱਲੋਂ ਜ਼ਾਰੀ ਹਦਾਇਤਾਂ ਅਨੁਸਾਰ ਸੀਵਰੇਜ ਟ੍ਰੀਟਮੈਂਟ ਪਲਾਂਟ ਤੇ ਆਨਲਾਇਨ ਮਨੀਟਰਿੰਗ ਸਿਸਟਮ ਲਗਵਾਉਣ ਲਈ ਫੰਡ ਮੁੱਹਈਆ ਕਰਵਾਉਣ ਬਾਰੇ।

ਉਪਰੋਕਤ ਵਿਸ਼ੇ ਸਬੰਧੀ ਬੇਨਤੀ ਹੈ ਕਿ ਨਗਰ ਕੌਂਸਲ ਰੂਪਨਗਰ ਦੀ ਹਦੂਦ ਅੰਦਰ ਤਿੰਨ ਸੀਵਰੇਜ ਟ੍ਰੀਟਮੈਂਟ ਪਲਾਂਟ ਚੱਲ ਰਹੇ ਹਨ। ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਵੱਲੋਂ ਹਦਾਇਤ ਕੀਤੀ ਗਈ ਹੈ ਕਿ ਇਨ੍ਹਾਂ ਸੀਵਰੇਜ ਟ੍ਰੀਟਮੈਂਟ ਪਲਾਂਟ ਤੇ ਆਨਲਾਈਨ ਮੋਨੀਟਰਿੰਗ ਸਿਸਟਮ ਲੱਗੇ ਹੋਣੇ ਜ਼ਰੂਰੀ ਹਨ। ਇਨ੍ਹਾਂ ਹਦਾਇਤਾਂ ਦੀ ਪਾਲਣਾ ਸੁਨਿਸਚਿਤ ਕਰਨ ਲਈ ਪੰਜਾਬ ਵਾਟਰ ਸਪਲਾਈ ਅਤੇ ਸੀਵਰੇਜ ਬੋਰਡ ਵੱਲੋਂ 69.36 ਲੱਖ ਰੁਪਏ ਦੇ ਤਿੰਨ ਤਖਮੀਨੇ ਨਗਰ ਕੌਂਸਲ ਰੂਪਨਗਰ ਨੂੰ ਭੇਜੇ ਗਏ ਸੀ, ਜਿਸ ਸਬੰਧੀ ਨਗਰ ਕੌਂਸਲ ਰੂਪਨਗਰ ਵੱਲੋਂ ਆਪਣੇ ਮਤਾ ਨੰ. 460 ਮਿਤੀ 29.08.2019 (ਕਾਪੀ ਨਾਲ ਨੱਥੀ ਹੈ) ਰਾਹੀਂ ਪ੍ਰਵਾਨ ਕੀਤਾ ਗਿਆ ਹੈ ਕਿ " ਨਗਰ ਕੌਂਸਲ ਦੀ ਮਾਲੀ ਹਾਲਤ ਠੀਕ ਨਾ ਹੋਣ ਕਾਰਣ ਕੰਮ ਨੰਬਰ 1,2 ਅਤੇ 3 ਕਰਵਾਉਣੇ ਪ੍ਰਵਾਨ ਹਨ ਅਤੇ ਇਨ੍ਹਾਂ ਕੰਮਾਂ ਤੇ ਆਉਣ ਵਾਲੇ ਖਰਚੇ ਦੀ ਰਾਸ਼ੀ ਦੀ ਸਰਕਾਰ ਤੋਂ ਮੰਗ ਕੀਤੀ ਜਾਵੇ "

ਇਸ ਲਈ ਉਕਤ ਮਤੇ ਦੀ ਰੌਸ਼ਨੀ ਵਿੱਚ ਆਪ ਜੀ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਸੀਵਰੇਜ ਟ੍ਰੀਟਮੈਂਟ ਪਲਾਂਟ ਤੇ ਆਨ ਲਾਈਨ ਮੋਨੀਟਰਿੰਗ ਸਿਸਟਮ ਲਗਵਾਉਣ ਲਈ 69.36 ਲੱਖ ਰੁਪਏ ਦੀ ਰਾਸ਼ੀ ਨਗਰ ਕੌਂਸਲ ਰੂਪਨਗਰ ਨੂੰ ਜਾਰੀ ਕਰਵਾਉਣ ਦੀ ਕਿਰਪਾਲਤਾ ਕੀਤੀ ਜਾਵੇ ਜੀ ਤਾਂ ਜੋ ਪੰਜਾਬ ਪ੍ਰਦੂਸ਼ਣ ਕੰਟਰੋਲ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਕੀਤੀ ਜਾ ਸਕੇ।

ਨੱਥੀ :- ਉਕਤ ਅਨੁਸਾਰ

ਕਾਰਜ ਸਾਧਕ ਅਫਸ਼ਰ
ਨਗਰ ਕੌਂਸਲ ਰੂਪਨਗਰ।

ਨੰ: ੫੬੨੧ ਮਿਤੀ ੨੯-੧੦-੨੦੧੯

ਉਪਰੋਕਤ ਦਾ ਉਤਾਰਾ:- ਸੇਵਾ ਵਿਖੇ :

1. ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਸਥਾਨਕ ਸਰਕਾਰ ਵਿਭਾਗ ਪੰਜਾਬ ਚੰਡੀਗੜ੍ਹ
2. ਮੁੱਖ ਕਾਰਜਕਾਰੀ ਅਫਸ਼ਰ ਪੰਜਾਬ ਵਾਟਰ ਸਪਲਾਈ ਐਂਡ ਸੀਵਰੇਜ ਬੋਰਡ ਚੰਡੀਗੜ੍ਹ
3. ਡਾਇਰੈਕਟਰ ਸਥਾਨ ਸਰਕਾਰ ਵਿਭਾਗ, ਪੰਜਾਬ, ਚੰਡੀਗੜ੍ਹ
4. ਕਾਰਜਕਾਰੀ ਇੰਜੀਨੀਅਰ ਵਾਟਰ ਸਪਲਾਈ ਅਤੇ ਸੀਵਰੇਜ ਮੰਡਲ ਰੂਪਨਗਰ

ਜੀ ਨੂੰ ਭੇਜ ਕੇ ਬੇਨਤੀ ਕੀਤੀ ਜਾਂਦੀ ਹੈ ਕਿ ਨਗਰ ਕੌਂਸਲ ਨੂੰ ਲੋੜੀਂਦੇ ਫੰਡ ਜਾਰੀ ਕਰਵਾਉਣ ਦੀ ਕਿਰਪਾਲਤਾ ਕੀਤੀ ਜਾਵੇ ਜੀ।

ਕਾਰਜ ਸਾਧਕ ਅਫਸ਼ਰ
ਨਗਰ ਕੌਂਸਲ ਰੂਪਨਗਰ।

**ਪੰਜਾਬ ਵਾਟਰ ਸਪਲਾਈ ਅਤੇ ਸੀਵਰੇਜ ਬੋਰਡ**
**ਪਲਾਟ ਨੰ.1ਬੀ, ਸੈਕਟਰ 27ਏ, ਚੰਡੀਗੜ੍ਹ**

ਪਿੱਠ ਅੰਕਣ ਨੰ: ਪਵਸਸਬ-2019/ਵ-1/ 24896 ਮਿਤੀ: 20-11-19

ਉਪਰੋਕਤ ਦੀ ਨਕਲ ਸਮੇਤ ਸਹਿਲੱਗ ਮੁੱਖ ਇੰਜੀਨੀਅਰ(ਪੂਰਬ) ਪੰਜਾਬ ਵ/ਸ ਅਤੇ ਸੀਵਰੇਜ ਬੋਰਡ ਪਟਿਆਲਾ ਨੂੰ ਭੇਜਕੇ ਲਿਖਿਆ ਜਾਂਦਾ ਹੈ ਕਿ ਉਕਤ ਵਿਸ਼ੇ ਅੰਕਿਤ ਮਾਮਲੇ ਤੇ ਲੋੜੀਂਦੀ ਕਾਰਵਾਈ ਕਰਦੇ ਹੋਏ ਵਿਸਥਾਰਪੂਰਵਕ ਰਿਪੋਰਟ ਇਸ ਦਫਤਰ ਨੂੰ ਭੇਜੀ ਜਾਵੇ ਤਾਂ ਜੋ ਉਸੇ ਅਨੁਸਾਰ ਕੇਸ ਤੇ ਅਗਲੀ ਕਾਰਵਾਈ ਕੀਤੀ ਜਾ ਸਕੇ।

ਨੱਥੀ/ਉਕਤ ਅਨੁਸਾਰ